ਪ੍ਰਭਾਤੀ ਮਹਲਾ ੧ ॥ ਇਕਿ ਧੁਰਿ ਬਖਸਿ ਲਏ ਗੁਰਿ ਪੂਰੈ ਸਚੀ ਬਣਤ ਬਣਾਈ ॥ ਹਰਿ ਰੰਗ ਰਾਤੇ ਸਦਾ ਰੰਗੁ ਸਾਚਾ ਦੁਖ ਬਿਸਰੇ ਪਤਿ ਪਾਈ ॥੧॥ ਝੂਠੀ ਦੁਰਮਤਿ ਕੀ ਚਤੁਰਾਈ ॥ ਬਿਨਸਤ ਬਾਰ ਨ ਲਾਗੈ ਕਾਈ ॥੧॥ ਰਹਾਉ ॥ ਮਨਮੁਖ ਕਉ ਦੁਖੁ ਦਰਦੁ ਵਿਆਪਸਿ ਮਨਮੁਖਿ ਦੁਖੁ ਨ ਜਾਈ ॥ ਸੁਖ ਦੁਖ ਦਾਤਾ ਗੁਰਮੁਖਿ ਜਾਤਾ ਮੇਲਿ ਲਏ ਸਰਣਾਈ ॥੨॥ ਮਨਮੁਖ ਤੇ ਅਭ ਭਗਤਿ ਨ ਹੋਵਸਿ ਹਉਮੈ ਪਚਹਿ ਦਿਵਾਨੇ ॥ ਇਹੁ ਮਨੂਆ ਖਿਨੁ ਊਭਿ ਪਇਆਲੀ ਜਬ ਲਗਿ ਸਬਦ ਨ ਜਾਨੇ ॥ ੩॥ ਭੂਖ ਪਿਆਸਾ ਜਗੁ ਭਇਆ ਤਿਪਤਿ ਨਹੀ ਬਿਨੁ ਸਤਿਗੁਰ ਪਾਏ ॥ ਸਹਜੈ ਸਹਜੁ ਮਿਲੈ ਸੁਖੁ ਪਾਈਐ ਦਰਗਹ ਪੈਧਾ ਜਾਏ ॥ ੪॥ ਦਰਗਹ ਦਾਨਾ ਬੀਨਾ ਇਕੁ ਆਪੇ ਨਿਰਮਲ ਗੁਰ ਕੀ ਬਾਣੀ ॥ ਆਪੇ ਸੁਰਤਾ ਸਚੁ ਵੀਚਾਰਸਿ ਆਪੇ ਬੂਝੈ ਪਦੁ ਨਿਰਬਾਣੀ ॥੫॥ ਜਲੁ ਤਰੰਗ ਅਗਨੀ ਪਵਨੈ ਫੁਨਿ ਤ੍ਰੈ ਮਿਲਿ ਜਗਤੁ ਉਪਾਇਆ ॥ ਐਸਾ ਬਲੁ ਛਲੁ ਤਿਨ ਕਉ ਦੀਆ ਹੁਕਮੀ ਠਾਕਿ ਰਹਾਇਆ ॥੬॥ ਐਸੇ ਜਨ ਵਿਰਲੇ ਜਗ ਅੰਦਰਿ ਪਰਖਿ ਖਜਾਨੈ ਪਾਇਆ ॥ ਜਾਤਿ ਵਰਨ ਤੇ ਭਏ ਅਤੀਤਾ ਮਮਤਾ ਲੋਭੁ ਚੁਕਾਇਆ ॥੭॥ ਨਾਮਿ ਰਤੇ ਤੀਰਥ ਸੇ ਨਿਰਮਲ ਦੁਖੁ ਹਉਮੈ ਮੈਲੁ ਚੁਕਾਇਆ ॥ ਨਾਨਕੁ ਤਿਨ ਕੇ ਚਰਨ ਪਖਾਲੈ ਜਿਨਾ ਗੁਰਮੁਖਿ ਸਾਚਾ ਭਾਇਆ ॥੮॥੭॥ {ਪੰਨਾ 1345}

ਪਦ ਅਰਥ:- ਇਕਿ—ਕਈ ਬੰਦੇ, ਜੇਹੜੇ ਬੰਦੇ। ਗੁਰਿ—ਗੁਰੂ ਨੇ। ਧੁਰਿ—ਧੁਰੋਂ ਪ੍ਰਭੂ ਦੀ ਰਜ਼ਾ ਅਨੁਸਾਰ। ਸਚੀ—ਸਦਾ-ਥਿਰ ਰਹਿਣ ਵਾਲੀ, ਸਦਾ-ਥਿਰ ਪ੍ਰਭੂ ਦੀ ਯਾਦ ਵੱਲ ਪ੍ਰੇਰਨ ਵਾਲੀ। ਬਣਤ—ਬਨਾਵਟ, ਮਨ ਦੀ ਬਨਾਵਟ। ਸਾਚਾ—ਸਦਾ-ਥਿਰ ਰਹਿਣ ਵਾਲਾ। ਪਤਿ—ਇੱਜ਼ਤ।2।

ਝੂਠੀ—ਨਾਸਵੰਤ, ਨਾਸਵੰਤ ਪਦਾਰਥਾਂ ਵੱਲ ਪ੍ਰੇਰਨ ਵਾਲੀ। ਚਤੁਰਾਈ—ਸਿਆਣਪ। ਬਿਨਸਤ—ਨਾਸ ਹੁੰਦਿਆਂ, ਆਤਮਕ ਮੌਤ ਹੁੰਦਿਆਂ। ਬਾਰ—ਚਿਰ।1। ਰਹਾਉ।

ਵਿਆਪਸਿ—ਜ਼ੋਰ ਪਾਂਦਾ ਹੈ।2।

ਤੇ—ਤੋਂ, ਪਾਸੋਂ। ਅਭ—ਹਿਰਦਾ। ਅਭ ਭਗਤਿ—ਦਿਲੀ ਭਗਤਿ। ਪਚਹਿ—ਖ਼ੁਆਰ ਹੁੰਦੇ ਹਨ। ਦਿਵਾਨੇ—ਪਾਗਲ। ਊਭਿ—ਆਕਾਸ਼ ਵਿਚ। ਪਇਆਲਿ—ਪਤਾਲ ਵਿਚ। ਜਬ ਲਗਿ—ਜਦੋਂ ਤਕ।3।

ਤਿਪਤਿ—ਸੰਤੋਖ। ਸਹਜੁ—ਆਤਮਕ ਅਡੋਲਤਾ। ਪੈਧਾ—ਸਰੋਪਾ ਲੈ ਕੇ, ਇੱਜ਼ਤ ਨਾਲ।4।

ਦਾਨਾ—(ਸਭ ਦੇ ਦਿਲਾਂ ਦੀ) ਜਾਣਨ ਵਾਲਾ। ਬੀਨਾ—ਸਭ ਦੇ ਕੰਮਾਂ ਨੂੰ ਵੇਖਣ ਵਾਲਾ। ਸੁਰਤਾ—ਸੁਰਤਿ ਜੋੜਨ ਵਾਲਾ, ਸੁਣਨ ਵਾਲਾ। ਨਿਰਬਾਣੀ—ਵਾਸਨਾ-ਰਹਿਤ।5।

ਤਰੰਗ—ਲਹਿਰ। ਪਵਨ—ਹਵਾ। ਹੁਕਮੀ—ਹੁਕਮ ਵਿਚ ਹੀ।6।

ਖਜਾਨੈ—ਖ਼ਜ਼ਾਨੇ ਵਿਚ। ਤੇ—ਤੋਂ। ਅਤੀਤਾ—ਨਿਰਲੇਪ, ਵੱਖਰੇ।7।

ਸੇ—ਉਹ ਮਨੁੱਖ। ਨਾਮਿ—ਨਾਮ ਵਿਚ। ਪਖਾਲੈ—ਧੋਂਦਾ ਹੈ। ਸਾਚਾ—ਸਦਾ-ਥਿਰ ਪ੍ਰਭੂ।8।

ਅਰਥ:- ਭੈੜੀ ਮਤਿ ਤੋਂ ਪੈਦਾ ਹੋਈ ਸਿਆਣਪ ਮਨੁੱਖ ਨੂੰ ਨਾਸਵੰਤ ਪਦਾਰਥਾਂ ਵੱਲ ਹੀ ਪ੍ਰੇਰਦੀ ਰਹਿੰਦੀ ਹੈ, ਇਸ ਸਿਆਣਪ ਦੇ ਕਾਰਨ ਮਨੁੱਖ ਨੂੰ ਆਤਮਕ ਮੌਤੇ ਮਰਦਿਆਂ ਰਤਾ ਚਿਰ ਨਹੀਂ ਲੱਗਦਾ।1। ਰਹਾਉ।

ਜੇਹੜੇ ਬੰਦੇ ਧੁਰੋਂ ਪ੍ਰਭੂ ਦੀ ਰਜ਼ਾ ਅਨੁਸਾਰ ਪੂਰੇ ਗੁਰੂ ਨੇ ਬਖ਼ਸ਼ੇ ਹਨ (ਜਿਨ੍ਹਾਂ ਉਤੇ ਗੁਰੂ ਨੇ ਮੇਹਰ ਕੀਤੀ ਹੈ) ਗੁਰੂ ਨੇ ਉਹਨਾਂ ਦੀ ਮਾਨਸਕ ਬਨਾਵਟ ਅਜੇਹੀ ਬਣਾ ਦਿੱਤੀ ਹੈ ਕਿ ਉਹਨਾਂ ਨੂੰ ਸਦਾ-ਥਿਰ ਪ੍ਰਭੂ ਦੇ ਸਿਮਰਨ ਵੱਲ ਪ੍ਰੇਰਦੀ ਹੈ। ਉਹ ਸਦਾ ਪਰਮਾਤਮਾ ਦੇ ਨਾਮ-ਰੰਗ ਨਾਲ ਰੰਗੇ ਰਹਿੰਦੇ ਹਨ, ਉਹਨਾਂ (ਦੇ ਮਨ) ਨੂੰ ਸਦਾ-ਥਿਰ ਰਹਿਣ ਵਾਲਾ

ਪ੍ਰੇਮ-ਰੰਗ ਚੜ੍ਹਿਆ ਰਹਿੰਦਾ ਹੈ। ਉਹਨਾਂ ਦੇ ਦੁੱਖ ਦੂਰ ਹੋ ਜਾਂਦੇ ਹਨ ਤੇ ਉਹ (ਲੋਕ ਪਰਲੋਕ ਵਿਚ) ਸੋਭਾ ਖੱਟਦੇ ਹਨ।1।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ (ਕਈ ਕਿਸਮ ਦੇ) ਦੁੱਖ ਕਲੇਸ਼ ਦਬਾਈ ਰੱਖਦੇ ਹਨ, ਆਪਣੇ ਮਨ ਦੀ ਅਗਵਾਈ ਵਿਚ ਉਹਨਾਂ ਦਾ ਦੁਖ ਕਦੇ ਦੂਰ ਨਹੀਂ ਹੁੰਦਾ। ਜੇਹੜੇ ਬੰਦੇ ਗੁਰੂ ਦੀ ਸਰਨ ਪੈਂਦੇ ਹਨ ਉਹ ਸੁਖ ਦੇਣ ਵਾਲੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦੇ ਹਨ, ਪਰਮਾਤਮਾ ਉਹਨਾਂ ਨੂੰ ਆਪਣੀ ਸਰਨ ਵਿਚ ਰੱਖ ਕੇ ਆਪਣੇ ਨਾਲ ਮਿਲਾ ਲੈਂਦਾ ਹੈ।2।

ਮਨਮੁਖਾਂ ਪਾਸੋਂ ਚਿੱਤ ਦੀ ਇਕਾਗ੍ਰਤਾ ਨਾਲ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ ਕਿਉਂਕਿ ਉਹ ਹਉਮੈ ਵਿਚ ਕਮਲੇ ਹੋਏ ਹੋਏ ਅੰਦਰੇ ਅੰਦਰ ਖ਼ੁਆਰ ਹੁੰਦੇ ਰਹਿੰਦੇ ਹਨ। ਜਦੋਂ ਤਕ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦਾ, ਤਦ ਤਕ ਇਸ ਦਾ ਇਹ ਮਨ (ਮਾਇਆ ਦੇ ਮੋਹ ਕਾਰਨ) ਕਦੇ ਆਕਾਸ਼ ਵਿਚ ਜਾ ਪਹੁੰਚਦਾ ਹੈ ਕਦੇ ਪਾਤਾਲ ਵਿਚ ਜਾ ਡਿੱਗਦਾ ਹੈ।3।

ਜਗਤ ਮਾਇਆ ਦੀ ਭੁੱਖ ਮਾਇਆ ਦੀ ਤ੍ਰੇਹ ਨਾਲ ਘਬਰਾਇਆ ਪਿਆ ਹੈ, ਸਤਿਗੁਰੂ ਦੀ ਸਰਨ ਆਉਣ ਤੋਂ ਬਿਨਾ ਤ੍ਰਿਸ਼ਨਾ ਨਹੀਂ ਮਿਟਦੀ ਸੰਤੋਖ ਨਹੀਂ ਆਉਂਦਾ ਗੁਰੂ ਦੀ ਸਰਨ ਪਿਆਂ ਆਤਮਕ ਅਡੋਲਤਾ ਪ੍ਰਾਪਤ ਹੁੰਦੀ ਹੈ, ਆਤਮਕ ਆਨੰਦ ਮਿਲਦਾ ਹੈ, ਤੇ ਪਰਮਾਤਮਾ ਦੀ ਹਜ਼ੂਰੀ ਵਿਚ ਮਨੁੱਖ ਆਦਰ ਨਾਲ ਜਾਂਦਾ ਹੈ।4।

ਸਤਿਗੁਰੂ ਦੀ ਪਵਿਤ੍ਰ-ਬਾਣੀ ਵਿਚ ਜੁੜਿਆਂ ਇਹ ਸਮਝ ਆਉਂਦੀ ਹੈ ਕਿ ਪਰਮਾਤਮਾ ਆਪ ਹੀ ਸਭ ਜੀਵਾਂ ਦੇ ਦਿਲ ਦੀ ਜਾਣਦਾ ਹੈ, ਆਪ ਹੀ ਸਭ ਦੇ ਕਰਮ ਵੇਖਦਾ ਹੈ, ਸਦਾ-ਥਿਰ ਪ੍ਰਭੂ ਆਪ ਹੀ ਸਭ ਦੀਆਂ ਅਰਦਾਸਾਂ ਸੁਣਦਾ ਹੈ ਤੇ ਵਿਚਾਰਦਾ ਹੈ, ਆਪ ਹੀ ਜੀਵਾਂ ਦੀਆਂ ਲੋੜਾਂ ਸਮਝਦਾ ਹੈ, ਆਪ ਹੀ ਵਾਸਨਾ-ਰਹਿਤ ਆਤਮਕ ਅਵਸਥਾ ਦਾ ਮਾਲਕ ਹੈ।5।

ਗੁਰੂ ਦੀ ਰਾਹੀਂ ਇਹ ਸਮਝ ਆਉਂਦੀ ਹੈ ਕਿ ਪਰਮਾਤਮਾ ਨੇ ਆਪ ਹੀ ਪਾਣੀ ਅੱਗ ਹਵਾ (ਆਦਿਕ) ਤੱਤ ਪੈਦਾ ਕੀਤੇ, ਪ੍ਰਭੂ ਦੇ ਹੁਕਮ ਵਿਚ ਹੀ ਇਹਨਾਂ ਤਿੰਨਾਂ ਨੇ ਮਿਲ ਕੇ ਜਗਤ ਪੈਦਾ ਕੀਤਾ। ਪਰਮਾਤਮਾ ਨੇ ਇਹਨਾਂ ਤੱਤਾਂ ਨੂੰ ਬੇਅੰਤ ਤਾਕਤ ਦਿੱਤੀ ਹੋਈ ਹੈ, ਪਰ ਆਪਣੇ ਹੁਕਮ ਨਾਲ ਇਹਨਾਂ ਨੂੰ (ਬੇ-ਥਵ੍ਹੀ ਤਾਕਤ ਵਰਤਣ ਵਲੋਂ) ਰੋਕ ਭੀ ਰਖਿਆ।6।

ਜਗਤ ਵਿਚ ਅਜੇਹੇ ਬੰਦੇ ਵਿਰਲੇ ਹਨ ਜਿਨ੍ਹਾਂ ਦੇ ਜੀਵਨ ਨੂੰ ਪਰਖ ਕੇ (ਤੇ ਪਰਵਾਨ ਕਰ ਕੇ) ਪਰਮਾਤਮਾ ਨੇ ਆਪਣੇ ਖ਼ਜ਼ਾਨੇ ਵਿਚ ਪਾ ਲਿਆ, ਅਜੇਹੇ ਬੰਦੇ ਜਾਤਿ ਤੇ (ਬ੍ਰਾਹਮਣ ਖਤ੍ਰੀ ਆਦਿਕ) ਵਰਨ ਦੇ ਮਾਣ ਤੋਂ ਨਿਰਲੇਪ ਰਹਿੰਦੇ ਹਨ, ਤੇ ਮਾਇਆ ਦੀ ਮਮਤਾ ਤੇ ਮਾਇਆ ਦਾ ਲੋਭ ਦੂਰ ਕਰ ਲੈਂਦੇ ਹਨ।7।

ਹੇ ਨਾਨਕ! (ਆਖ—) ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਬੰਦਿਆਂ ਨੂੰ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਪਿਆਰਾ ਲੱਗਦਾ ਹੈ ਮੈਂ ਉਹਨਾਂ ਦੇ ਚਰਨ ਧੋਂਦਾ ਹਾਂ। ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਹੋਏ ਬੰਦੇ ਅਸਲੀ ਪਵਿਤ੍ਰ ਤੀਰਥ ਹਨ, ਉਹਨਾਂ ਨੇ ਹਉਮੈ ਦਾ ਦੁੱਖ ਹਉਮੈ ਦੀ ਮੈਲ ਆਪਣੇ ਮਨ ਵਿਚੋਂ ਮੁਕਾ ਲਈ ਹੁੰਦੀ ਹੈ।8।7।